



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।





ਮੁੱਖ ਸੰਪਾਦਕ
ਸਰਬਜੋਤ ਸਿੰਘ ਖਾਲਸਾ

ਮੁੱਖ ਸੰਪਾਦਕ ਸਰਬਜੋਤ ਸਿੰਘ ਖਾਲਸਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਵੀਰਵਾਰ 26 ਜੂਨ 2025, ਨਾਨਕਸ਼ਾਹੀ 12 ਹਾੜ , ਸੰਮਤ 557 | ਸਾਲ: 4, ਅੰਕ 124, ਪੰਨੇ: 4, ਮੁੱਲ: 4 ਰੁਪਏ


## ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ



ਅੰਮ੍ਰਿਤਸਰ, 25 ਜੂਨ (ਫਤਿਹ ਟਾਈਮਜ਼ ਬਿਊਰੋ) ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ।ਇਸ ਮੌਕੇ ਭਾਈ ਵਿਸ਼ਾਲ ਸਿੰਘ ਨੇ ਸੰਗਤਾਂ ਨਾਲ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੇ ਲਾਸਾਨੀ ਇਤਿਹਾਸ ਬਾਰੇ ਵਿਚਾਰਾਂ ਕੀਤੀਆਂ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਉਹ ਜਰਨੈਲ ਸਿੰਘ ਸਨ, ਜਿਨ੍ਹਾਂ ਨੇ ਸਿੱਖ ਰਾਜ ਦੀ ਸਥਾਪਨਾ ਕਰਕੇ ਗੁਰੂ ਨਾਨਕ ਸਾਹਿਬ ਦੇ ਨਾਂ 'ਤੇ ਖਾਲਸਾ ਰਾਜ ਦਾ ਸਿੱਕਾ ਚਲਾਇਆ। ਉਨ੍ਹਾਂ ਸਿੱਖ ਨੌਜੁਆਨੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਵੀ ਸਜਾਏ ਗਏ, ਜਿਸ ਵਿਚ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਢਾਡੀ ਭਾਈ ਜਸਬੀਰ ਸਿੰਘ ਵਲਟੋਹਾ ਅਤੇ ਗੁਰਪ੍ਰੀਤ ਸਿੰਘ ਭੰਗੂ ਦੇ ਜਥੇ ਨੇ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ।ਇਸ ਮੌਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, (ਬਾਕੀ ਸਫਾ 2 ਤੇ)

## ਸ੍ਰ ਬਿਕਰਮ ਸਿੰਘ ਮਜੀਠੀਆ ਨੂੰ ਅਨੈਤਿਕ ਢੰਗ ਨਾਲ ਗ੍ਰਿਫ਼ਤਾਰ ਕਰਨਾ ਸਿਆਸੀ ਬਦਲਾਖੋਰੀ- ਐਡਵੋਕੇਟ ਧਾਮੀ



ਅੰਮ੍ਰਿਤਸਰ, 25 ਜੂਨ (ਫ.ਟ.ਬ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸ. ਬਿਕਰਮ ਸਿੰਘ ਮਜੀਠੀਆ ਦੇ ਘਰ ਵਿਜੀਲੈਂਸ ਵਿਭਾਗ ਵੱਲੋਂ ਕੀਤੀ ਗਈ ਅਨੈਤਿਕ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸਨੂੰ ਪੰਜਾਬ ਸਰਕਾਰ ਦੀ ਬੁਖਲਾਹਟ ਅਤੇ ਸਿਆਸੀ ਦੁਸ਼ਮਣੀ ਤੋਂ ਪ੍ਰੇਰਿਤ ਕਦਮ ਕਰਾਰ ਦਿੱਤਾ ਹੈ।ਐਡਵੋਕੇਟ ਧਾਮੀ ਨੇ ਜਾਰੀ ਬਿਆਨ ਵਿੱਚ ਕਿਹਾ ਕਿ ਇਕ ਲੋਕਤੰਤਰ ਵਿਚ ਕਿਸੇ ਵੀ ਜਨਤਕ ਆਗੂ ਨੂੰ ਧੱਕੇਸ਼ਾਹੀ ਦੇ ਅੰਦਾਜ਼ ਵਿਚ ਗ੍ਰਿਫਤਾਰ ਕਰਨਾ ਬੇਹੱਦ ਨਿੰਦਣਯੋਗ ਹੈ। ਸ. ਮਜੀਠੀਆ ਸਿਰਫ਼ ਸਿਆਸੀ ਆਗੂ ਹੀ ਨਹੀਂ, ਸਗੋਂ ਪਰਿਵਾਰਕ ਤੇ ਸਮਾਜਿਕ ਤੌਰ ਉੱਤੇ ਵੀ ਲੋਕਾਂ ਵਿੱਚ ਆਪਣੀ ਵਧੀਆ ਪਛਾਣ ਰੱਖਦੇ ਹਨ। ਉਨ੍ਹਾਂ ਦੀ ਪਤਨੀ ਬੀਬੀ ਗਨੀਵ ਕੌਰ ਮਜੀਠੀਆ ਵੀ ਲੋਕਤੰਤਰੀ ਢੰਗ ਨਾਲ ਚੁਣੀ ਗਈ ਮਜੂਦਾ ਵਿਧਾਇਕ ਹਨ, ਜਿਸ ਦੇ ਬਾਵਜੂਦ ਮਜੀਠੀਆ ਪਰਿਵਾਰ ਦੇ ਘਰ ਬਿਨਾਂ ਕਿਸੇ ਨੋਟਿਸ ਦੇ ਹੰਕਾਰੀ ਢੰਗ ਨਾਲ ਘੁਸਪੈਠ ਕਰਨਾ ਸਰਕਾਰ ਦੀ ਘਟੀਆ ਸੋਚ ਨੂੰ ਬਿਆਨ ਕਰਦਾ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਧੀਆਂ-ਭੈਣਾਂ ਨੂੰ ਡਰਾਉਣਾ, ਉਨ੍ਹਾਂ ਨਾਲ ਬਦਸਲੂਕੀ ਕਰਨੀ ਅਤੇ ਇੱਕ ਚੁਣੀ ਹੋਈ ਪ੍ਰਤੀਨਿਧੀ ਨਾਲ ਬੇਅਦਬੀ ਵਾਲਾ ਵਿਵਹਾਰ ਕਰਨਾ ਪੰਜਾਬੀ ਸੱਭਿਆਚਾਰ ਅਤੇ ਨੈਤਿਕ ਕਦਰਾਂ ਕੀਮਤਾਂ ਦੇ ਖਿਲਾਫ਼ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਜਾਂਚ ਜਾ ਪੁੱਛਗਿੱਛ ਕਰਨੀ ਸੀ ਤਾਂ ਉਸ ਲਈ ਕਾਨੂੰਨੀ ਢੰਗ ਤਰੀਕਾ ਅਪਣਾਇਆ ਜਾਣਾ ਚਾਹੀਦਾ ਹੈ। ਲੋਕਤੰਤਰ ਅਤੇ ਨੈਤਿਕ ਮੁੱਲਾਂ ਦੀ ਉਲੰਘਣਾ ਪੁਲਿਸ ਪ੍ਰਸ਼ਾਸਨ ਅਤੇ ਸਰਕਾਰ ਦੀ ਬਦਲਾਖੋਰੀ ਦੀ ਭਾਵਨਾ ਉਜਾਗਰ ਕਰਦੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜ਼ੋਰ ਦਿੰਦਿਆਂ ਕਿਹਾ ਹੈ ਕਿ ਰਾਜ ਵਿਚ ਕਾਨੂੰਨ ਦੀ ਪਾਲਣਾ ਹੋਣੀ ਚਾਹੀਦੀ ਹੈ, ਨਾ ਕਿ ਵਿਅਕਤੀਗਤ ਰੰਜਿਸ਼ਾਂ ਅਤੇ ਬਦਲਾਖੋਰੀ ਦੀ ਆੜ 'ਚ ਅਧਿਕਾਰਾਂ ਦਾ ਦੁਰਉਪਯੋਗ।

## ਜੋ ਬੀਜੋਂਗੇ ਉਹ ਹੀ ਵੱਢਣ ਲਈ ਤਿਆਰ ਰਹਿਣਾ।

### ਸਰਬਜੋਤ ਸਿੰਘ ਖਾਲਸਾ

ਉਸ ਅਕਾਲ ਪੁਰਖ ਨੇ ਜੋ ਇਹ ਦੁਨੀਆਂ ਬਣਾਈ ਹੈ ਉਹ ਬੜੀ ਹੀ ਪ੍ਰੈਕਟੀਕਲ ਹੈ ਏਥੇ ਜਿਹੜਾ ਕਿਸਾਨ ਜਿਵੇਂ ਜੋ ਬੀਜਦਾ ਉਹੀ ਵੱਢਦਾ ਹੈ । ਉਵੇਂ ਹੀ ਇਸ ਸਮਾਜ ਨੂੰ ਜੋ ਵੀ ਕੋਈ ਵਿਅਕਤੀ ਦਿੰਦਾ ਹੈ ਉਹੀ ਉਸ ਨੂੰ ਵਾਪਸ ਮਿਲਦਾ ਹੈ। ਜਿਸ ਨੇ ਕਿਸੇ ਨੂੰ ਜਾਨੋ ਮਰਵਾਇਆ ਹੁੰਦਾ ਤਾ ਸਮਾਂ ਅਜਿਹਾ ਦਿਨ ਵੀ ਲਿਆ ਦਿੰਦਾ ਕਿ ਉਸ ਵਿਅਕਤੀ ਨਾਲ ਵੀ ਉਹੀ ਕੁਝ ਹੁੰਦਾ। ਜਿਹੜਾ ਕਿਸੇ ਨਾਲ ਫਰੇਬ ਤੇ ਮੱਕਾਰੀ ਕਰਦਾ ਉਸ ਨਾਲ ਵੀ ਇੱਕ ਦਿਨ ਫਰੇਬ ਤੇ ਮੱਕਾਰੀ ਹੀ ਹੁੰਦੀ ਹੈ। ਕੁਝ ਲੋਕ ਜੋ ਦੂਜਿਆ ਨਾਲ ਈਰਖਾ ਤੇ ਸਾੜਾ ਕਰਦੇ ਹਨ ਉਹਨਾਂ ਨੂੰ ਵੀ ਬਦਲੇ ਵਿਚ ਸਮਾਜ ਕੋਲੋਂ ਈਰਖਾ ਹੀ ਮਿਲਦੀ ਹੈ । ਇਹ ਗੱਲ ਪੱਥਰ ਤੇ ਲਕੀਰ ਹੈ ਕਿ ਜੋ ਸਮਾਜ ਨੂੰ ਦੇਵੋਗੇ ਉਹੀ ਵਾਪਸ ਮਿਲਣਾ । ਫਿਰ ਭਾਵੇਂ ਤੁਸੀ ਜਿੰਨੀਆਂ ਮਰਜੀਆਂ ਚਲਾਕੀਆਂ ਕਰ ਲਵੋ ਕਿਉ ਕਿ ਚਲਾਕੀਆਂ ਇਨਸਾਨ ਨਾਲ ਕੀਤੀਆਂ ਜਾ ਸਕਦੀਆਂ ਰੱਬ ਨਾਲ ਨਹੀ।






## ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਅੰਮ੍ਰਿਤਸਰ ਦੇ ਹਲਕਾ ਪੱਛਮੀ ਦੀ ਅਹਿਮ ਮੀਟਿੰਗ



### ਅੰਮ੍ਰਿਤਸਰ ਨਗਰ ਨਿਗਮ ਦੀਆਂ ਵਾਰਡਾਂ ਵਿੱਚ ਪੰਜ-ਪੰਜ ਮੈਂਬਰੀ ਕਮੇਟੀਆਂ ਦੇ ਗਠਨ ਲਈ ਵਰਕਰਾਂ ਦੀਆਂ ਡਿਊਟੀਆਂ ਤੈਅ।

ਅੰਮ੍ਰਿਤਸਰ, 25 ਜੂਨ (ਫਤਿਹ ਟਾਈਮਜ਼ ਬਿਊਰੋ) ਅੱਜ ਅਕਾਲੀ ਦਲ (ਵਾਰਿਸ ਪੰਜਾਬ ਦੇ) ਅੰਮ੍ਰਿਤਸਰ ਕਾਰਜਕਾਰਨੀ ਕਮੇਟੀ ਦੇ ਮੈਂਬਰ ਭਾਈ ਭੁਪਿੰਦਰ ਸਿੰਘ ਗੱਦਲੀ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੀ ਅਗਵਾਈ ਹੇਠ ਹਲਕਾ ਪੱਛਮੀ ਦੀ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਪਾਰਟੀ ਦੇ ਸਰਗਰਮ ਤੇ ਸਮਰਪਿਤ ਆਗੂ ਭਾਈ ਸਵਰਨ ਸਿੰਘ ਜੀ ਗੋਲਡਨ, ਭਾਈ ਦਇਆ ਸਿੰਘ ਜੀ, ਭਾਈ ਸੁਖਬੀਰ ਸਿੰਘ ਚੀਮਾਂ ਵਾਰਡ ਨੰ 80, ਭਾਈ ਮਹਿੰਦਰਪਾਲ ਸਿੰਘ ਤੁੰਗ ਅਤੇ ਭਾਈ ਕੁਲਵਿੰਦਰ ਸਿੰਘ ਗੁਰੂ ਕੀ ਵਡਾਲੀ ਅਤੇ ਭਾਈ ਹਰਭਜਨ ਸਿੰਘ ਗੁਰੂ ਕੀ ਵਡਾਲੀ ਵਾਰਡ ਨੰ 75, ਭਾਈ ਧਰਮ ਸਿੰਘ ਜੀ ਵਾਰਡ ਨੰ 70, ਕੈਪਟਨ ਕੁਲਦੀਪ ਸਿੰਘ ਜੀ ਵਾਰਡ ਨੰ 77, ਬਾਬਾ ਕੰਵਲਜੀਤ ਸਿੰਘ ਜੀ, ਸ੍ਰ ਬਲਬੀਰ ਸਿੰਘ ਜੀ, ਸ੍ਰ ਗੁਰਮੀਤ ਸਿੰਘ ਵਾਰਡ ਨੰ 73, ਸ੍ਰ ਬਘੇਲ ਸਿੰਘ ਜੀ ਅਤੇ ਬੀਬੀ ਸਤਿੰਦਰ ਕੌਰ ਜੀ ਵਾਰਡ ਨੰ 81, ਭਾਈ ਜੁਗਰਾਜ ਸਿੰਘ ਜੀ ਨਰਾਇਣਗੜ੍ਹ ਵਾਰਡ ਨੰ 79, ਸ੍ਰ ਰਣਜੀਤ ਸਿੰਘ ਜੀ ਵਾਰਡ ਨੰ 82, ਸ੍ਰ ਗੁਲਜਾਰ ਸਿੰਘ, ਬੀਬੀ ਅਮਰਜੀਤ ਕੌਰ, ਬੀਬੀ ਮਨਪ੍ਰੀਤ ਕੌਰ, ਬੀਬੀ ਅਮਨਦੀਪ ਕੌਰ, ਬੀਬੀ ਕਸ਼ਮੀਰ ਕੌਰ, ਬੀਬੀ ਰਾਜਬੀਰ ਕੌਰ ਵਾਰਡ ਨੰ 84 ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੀਟਿੰਗ ਦਾ ਮੁੱਖ ਉਦੇਸ਼ ਹਲਕੇ ਵਿੱਚ ਪਾਰਟੀ ਦੇ ਪਸਾਰ, ਜਾਗਰੂਕਤਾ ਅਤੇ ਢਾਂਚਾਗਤ ਮਜ਼ਬੂਤੀ ਵੱਲ ਅਗਲੇ ਕਦਮ ਚੁੱਕਣਾ ਸੀ। ਇਸ ਸੰਦਰਭ ਵਿੱਚ ਪਾਰਟੀ ਦੀ ਢਾਂਚਾਗਤ ਨੀਤੀ ਅਨੁਸਾਰ ਹਰ ਵਾਰਡ ਪੱਧਰ 'ਤੇ ਪੰਜ-ਪੰਜ ਮੈਂਬਰਾਂ ਦੀਆਂ ਟੀਮਾਂ ਬਣਾਈ ਜਾਣਗੀਆ, ਜੋ ਨਿਰਧਾਰਤ ਜ਼ਿੰਮੇਵਾਰੀਆਂ ਸੰਭਾਲਣਗੀਆਂ ਅਤੇ ਪਾਰਟੀ ਦੀਆਂ (ਬਾਕੀ ਸਫਾ 2 ਤੇ)

## ਹਰਪ੍ਰੀਤ ਸਿੰਘ ਧੂੰਨਾ ਨਸ਼ਾ ਮੁਕਤੀ ਲਹਿਰ ਦੇ ਵਾਈਸ ਕੋਆਰਡੀਨੇਟਰ ਬਣੇ



ਤਰਨ ਤਾਰਨ, 25 ਜੂਨ (ਐਸ ਐਸ ਸੰਧਾ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਪ੍ਰੀਤ ਸਿੰਘ ਧੂੰਨਾ ਨੂੰ ਉਨ੍ਹਾਂ ਦੀਆ ਨਸ਼ਾ ਵਿਰੋਧੀ ਮੁਹਿੰਮਾ 'ਚ ਨਿਭਾਈਆਂ ਜਾ ਰਹੀਆ ਸੇਵਾਵਾਂ ਨੂੰ ਦੇਖਦੇ ਹੋਏ ਪਾਰਟੀ ਹਾਈਕਮਾਨ ਵੱਲੋ ਨਸ਼ਾ ਵਿਰੋਧੀ ਮੁਹਿੰਮ ਦਾ ਜ਼ਿਲ੍ਹੇ ਦਾ ਵਾਈਸ ਕੋਆਰਡੀਨੇਟਰ ਵਜੋਂ ਨਿਯੁਕਤ ਕੀਤਾ ਗਿਆ। ਆਪਣੀ ਨਿਯੁਕਤੀ 'ਤੇ ਪਾਰਟੀ ਹਾਈ ਕਮਾਨ ਦਾ ਧੰਨਵਾਦ ਕਰਦਿਆਂ ਸ੍ਰ ਧੂੰਨਾ ਨੇ ਕਿਹਾ ਕਿ ਪਾਰਟੀ ਨੇ ਉਨ੍ਹਾਂ ਉੱਪਰ ਜੋ ਭਰੋਸਾ ਦਿਖਾ ਕੇ ਜ਼ਿਲ੍ਹੇ ਤਰਨਤਾਰਨ ਦਾ ਵਾਈਸ ਕੋਆਰਡੀਨੇਟਰ ਲਗਾਇਆ ਹੈ, ਉਸ ਤਹਿਤ ਉਹ ਯੁੱਧਨਸ਼ਿਆਂ ਵਿਰੁੱਧ ਮੁਹਿੰਮ ਵਿਚ ਤਨਦੇਹੀ ਨਾਲ ਆਪਣਾ ਫਰਜ ਨਿਭਾਉਣਗੇ ਅਤੇ ਪਾਰਟੀ ਵੱਲੋਂ ਦਿੱਤੀ ਇਹ ਜਿੰਮੇਵਾਰੀ ਨੂੰ ਦਿਨ ਰਾਤ ਇਕ ਕਰਕੇ ਨਸ਼ਾ ਵੇਚਣ ਵਾਲੇ ਸੌਦਾਗਰਾਂ ਨੂੰ ਜੜ ਤੋਂ ਪੁੱਟ ਦੇਣ ਦੀ ਕੋਸ਼ਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਇਸ ਵਿਚ ਪੂਰੇ ਜ਼ਿਲ੍ਹੇ ਦੇ ਲੋਕਾਂ ਤੋਂ ਵੱਡੇ ਸਹਿਯੋਗ ਦੀ ਆਸ ਕਰਦੇ ਹਾਂ।


## ਦੂਸਰਾ- ਮੈਮੋਰੀਅਲ ਸਰਦਾਰ ਚਰਨਪ੍ਰੀਤ ਸਿੰਘ ਸਵਿਮਿੰਗ ਕੰਪੀਟੀਸ਼ਨ ਹੋਇਆ ਸੰਪੰਨ



ਮੇਅਰ ਜਤਿੰਦਰ ਭਾਟੀਆ ਨੇ ਜੇਤੂ ਬੱਚਿਆਂ ਨੂੰ ਇਨਾਮ ਵੰਡੇ ਅਤੇ ਦਿੱਤਾ ਆਪਣਾ ਆਸ਼ੀਰਵਾਦ

ਅੰਮ੍ਰਿਤਸਰ 25 ਜੂਨ (ਪ ਪ) ਦੂਸਰਾ ਮੈਮੋਰੀਅਲ ਸਰਦਾਰ ਚਰਨਪ੍ਰੀਤ ਸਿੰਘ ਸਵਿਮਿੰਗ ਕੰਪਟੀਸ਼ਨ ਅੱਜ ਸੰਪੰਨ ਹੋਇਆ। ਜਿਸ ਵਿੱਚ ਵਿਸ਼ੇਸ ਤੌਰ ਤੇ ਨਗਰ ਨਿਗਮ ਅੰਮ੍ਰਿਤਸਰ ਦੇ ਮੇਅਰ ਜਤਿੰਦਰ ਭਾਟੀਆ ਅਤੇ ਵਿਰਾਟ ਦੇਵਗਨ ਕੌਂਸਲਰ ਜੀ ਪਹੁੰਚੇ ਇਸ ਮੌਕੇ ਮੇਅਰ ਜਤਿੰਦਰ ਭਾਟੀਆ ਜੀ ਨੇ ਕਰਮਵਾਰ ਦੂਸਰੀ ਵਾਰ ਕਰਵਾਏ ਗਏ ਮੈਮੋਰੀਅਲ ਸਰਦਾਰ ਚਰਨਪ੍ਰੀਤ ਸਿੰਘ ਸਵਿਮਿੰਗ ਕੰਪੀਟੀਸ਼ਨ ਲਈ ਸਵਿਮਿੰਗ ਐਸੋਸੀਏਸ਼ਨ ਦੇ ਯੋਗਦਾਨ ਦੀ ਸਰਾਹਨਾ ਕੀਤੀ। ਉਹਨਾਂ ਕਿਹਾ ਕਿ ਅੱਜ ਦੇ ਸਮੇਂ ਦੇ ਵਿੱਚ ਖੇਡਾਂ ਸਾਡੇ ਬੱਚਿਆਂ ਲਈ ਅਤੀ ਜਰੂਰੀ ਹਨ ਜਿਸ ਰਾਹੀਂ ਉਹਨਾਂ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਹੁੰਦਾ ਹੈ ਅਤੇ ਅਜਿਹੇ ਟੂਰਨਾਮੈਂਟ ਸਾਡੇ ਬੱਚਿਆਂ ਨੂੰ ਨੈਸ਼ਨਲ ਅਤੇ ਇੰਟਰਨੈਸ਼ਨਲ ਲੈਵਲ ਤੇ ਆਪਣੇ ਪ੍ਰਤਿਭਾ ਸਾਬਤ ਕਰਨ ਦਾ ਮੌਕਾ ਪ੍ਰਦਾਨ ਕਰਵਾਉਂਦੇ ਹਨ। ਇਸ ਮੌਕੇ ਜਤਿੰਦਰ ਭਾਟੀਆ ਜੀ ਨੇ ਪ੍ਰਤੀਯੋਗਤਾ ਦੇ ਵਿੱਚ ਅਵਲ ਆਏ ਬੱਚਿਆਂ ਨੂੰ ਇਨਾਮ ਦੇ ਕੇ ਉਹਨਾਂ ਦਾ ਹੌਸਲਾ ਵਧਾਇਆ। ਇਸ ਸਮੇਂ ਕੌਂਸਲਰ ਵਿਰਾਟ ਦੇਵਗਨ ਵੱਲੋਂ ਵੀ ਐਸੋਸੀਏਸ਼ਨ ਵੱਲੋਂ ਕਰਵਾਏ ਜਾ ਰਹੇ ਸਵੀਮਿੰਗ ਕੰਪਟੀਸ਼ਨ ਦੀ ਸਰਾਹਨਾ ਕੀਤੀ ਗਈ।ਇਸ ਸਮੇਂ ਸਵਿਮਿੰਗ ਐਸੋਸੀਏਸ਼ਨ ਦੇ ਪ੍ਰਧਾਨ ਸੰਦੀਪ ਸਿੱਕਾ ਜੀ ਖਾਲਸਾ ਐਕਵਾਟਿਕ ਕਲੱਬ ਦੇ ਪ੍ਰਧਾਨ ਸੌਰਵ ਸਿੱਕਾ,ਸੈਕਟਰੀ ਨਵਤੇਜ ਸਿੰਘ ਪ੍ਰੈਸ ਸਕੱਤਰ ਪਵਨ ਸ਼ਰਮਾ ਸੀਨੀਅਰ ਮੈਂਬਰ ਜਗਜੀਤ ਸਿੰਘ ਕਾਲਾ,ਰਵਿੰਦਰ ਕੁਮਾਰ ਮਿੰਟੂ ,ਜਸਵਿੰਦਰ ਸਿੰਘ, ਨਰਿੰਦਰ ਸਿੰਘ,ਬਿਕਰਮਜੀਤ ਸਿੰਘ ਹਾਜਰ ਸਨ।




## ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ 'ਚ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ



ਚੋਹਲਾ ਸਾਹਿਬ, 25 ਜੂਨ (ਸਨਦੀਪ ਸਿੱਧੂ,ਪਰਮਿੰਦਰ ਚੋਹਲਾ) ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿੱਦਿਆ ਦਾ ਚਾਨਣ ਫੈਲਾਉਣ ਤੋਂ ਇਲਾਵਾ ਇਲਾਕੇ ਵਿੱਚ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਵੀ ਵਧੀਆ ਢੰਗ ਨਾਲ ਨਭਾ ਰਿਹਾ ਹੈ। ਇਲਾਕੇ ਦੀ ਇਸ ਸਿਰਮੌਰ ਸੰਸਥਾ ਦਾ ਉਦੇਸ਼ ਨਾ ਕੇਵਲ ਉੱਚ ਪੱਧਰ ਦੀ ਸਿੱਖਿਆ ਪ੍ਰਦਾਨ ਕਰਨਾ ਹੈ ਸਗੋਂ ਵਿਦਿਆਰਥੀਆਂ ਦੀ ਬੁਹਪੱਖੀ ਸ਼ਖ਼ਸੀਅਤ ਉਸਾਰੀ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਹੈ। ਇਸੇ ਲੜੀ ਦੇ ਤਹਿਤ ਅੱਜ ਮਿਤੀ 21ਖ਼06ਖ਼2025 ਨੂੰ ਅੰਤਰਰਾਸ਼ਟਰੀ ਯੋਗ ਦਿਵਸੋ ਦੇ ਮੌਕੇਂ ਤੇ ਕਾਲਜ ਵਿਖੇ ਯੋਗ ਦਿਵਸ ਮਨਾਇਆ ਗਿਆ। ਇਸ ਦਿਵਸ ਦਾ ਆਯੋਜਨ ਐਨ ਐਸ ਐਸ ,ਐਨ ਸੀ ਸੀ ,ਰੈਡ ਰਿਬਨ ਕਲੱਬ ਤੇ ਈਕੋ ਕਲੱਬ ਦੇ ਸਹਿਯੋਗ ਨਾਲ ਕੀਤਾ ਗਿਆ । ਇਸ ਕੈਂਪ ਵਿੱਚ ਵਲੰਟੀਅਰ ,ਕੈਡਿਟਸ ,ਵਿਦਿਆਰਥੀ ਤੇ ਕਾਲਜ ਸਟਾਫ ਮੈਂਬਰ ਸ਼ਾਮਿਲ ਹੋਏ ।ਇਸ ਕੈਂਪ ਨੂੰ ਐਨ ਐਸ ਐਸ ਦੇ ਪ੍ਰੋਗਰਾਮ ਅਫਸਰ ਬਲਵਿੰਦਰ ਸਿੰਘ ਜੀ ਨੇ ਸੰਬੋਧਨ ਕੀਤਾ। ਉਹਨਾਂ ਨੇ ਯੋਗ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਯੋਗ ਨੂੰ ਸੰਯੁਕਤ ਰਾਸ਼ਟਰ ਸੰਘ ਨੇ 2015 ਵਿੱਚ ਮਾਨਤਾ ਦਿੰਦਿਆਂ 21 ਜੂਨ ਨੂੰ "ਅੰਤਰਰਾਸ਼ਟਰੀ ਯੋਗਾ ਦਿਵਸੋ ਐਲਾਨਿਆ ਸੀ। ਪਹਿਲੀ ਵਾਰ ਯੋਗਾ ਦਿਵਸ 21 ਜੂਨ 2015 ਨੂੰ ਮਨਾਇਆ ਗਿਆ ਸੀ ਤੇ 170 ਤੋਂ ਵੱਧ ਦੇਸ਼ਾਂ ਨੇ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਉਣ ਦੇ ਪ੍ਰਸਤਾਵ ਦਾ ਸਮਰਥਨ ਕੀਤਾ ਸੀ ।ਅੱਜ ਵਿਸ਼ਵ ਯੋਗ ਦਿਵਸ ਦਾ ਥੀਮ "ਕਰੋ ਯੋਗ ਬਣਾਓ ਤਨ ਮਨ ਨਿਰੋਗ "ਹੈ ।ਤਨ ਤੇ ਮਨ ਨੂੰ ਅਧਿਆਤਮ ਨਾਲ ਜੋੜਨਾ ਹੀ ਯੋਗ ਹੈ। ਯੋਗ ਆਪਣੇ ਆਪ ਨੂੰ ਜਾਣਨ ਦੀ ਯਾਤਰਾ ਹੈ। ਯੋਗ ਦਾ ਅਭਿਆਸ ਸਰੀਰ ਤੇ ਮਨ ਵਿਚਕਾਰ ਇੱਕ ਸਬੰਧ ਬਣਾਉਂਦਾ ਹੈ ਜਿਸ ਨਾਲ ਦੋਵੇਂ ਅਨੁਸ਼ਾਸਨ ਵਿੱਚ ਰਹਿੰਦੇ ਹਨ। ਅਨੁਸ਼ਾਸਨ ਵਿੱਚ ਰਹਿ ਕੇ ਜਿੰਦਗੀ ਦੀਆਂ ਵੱਡੀਆਂ ਖ਼ਵੱਡੀਆਂ ਮੁਸ਼ਕਿਲਾਂ ਨੂੰ ਵੀ ਹੱਲ ਕੀਤਾ ਜਾ ਸਕਦਾ ਹੈ। ਯੋਗਾ ਨਾ ਸਿਰਫ ਸਾਡੇ ਸਰੀਰ ਨੂੰ ਮਜਬੂਤ ਬਣਾਉਂਦਾ ਹੈ ਸਗੋਂ ਸਾਨੂੰ ਮਾਨਸਿਕ ਤੌਰ ਤੇ ਵੀ ਤੰਦਰੁਸਤ ਰੱਖਦਾ ਹੈ। ਅਜੋਕੇ ਸਮੇਂ ਵਧੇਰੇ ਮਨੁੱਖ ਮਾਨਸਿਕ ਤਣਾਅ ਦਾ ਸ਼ਿਕਾਰ ਹਨ ਤੇ ਇਹ ਤਣਾਓ ਯੋਗਾ ਨਾਲ ਹੀ ਘਟਾਇਆ ਜਾ ਸਕਦਾ ਹੈ। ਇਸ ਕੈਂਪ ਵਿੱਚ ਰੈਡ ਰਿਬਨ ਕਲੱਬ ਦੇ ਨੋਡਲ ਅਫਸਰ ,ਐਨ ਐਸ ਐਸ ,ਐਨ ਸੀ ਸੀ ਤੇ ਇਕੋ ਕਲੱਬ ਦੇ ਇੰਚਾਰਜ ਤੋਂ ਇਲਾਵਾ ਮੈਡਮ ਜੈਦੀਪ ,ਪ੍ਰੋ:ਪਰਮਵੀਰ ਸਿੰਘ ਤੋਂ ਇਲਾਵਾ ਕਾਲਜ ਦੇ ਪ੍ਰਿੰਸੀਪਲ ਡਾਕਟਰ ਜਸਬੀਰ ਸਿੰਘ ਸ਼ਾਮਿਲ ਸਨ।ਕਾਲਜ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਸ੍ਰ. ਹਰਜਿੰਦਰ ਸਿੰਘ ਬਿੱਲਿਆਂਵਾਲਾ ਅਤੇ ਕਮੇਟੀ ਮੈਂਬਰ ਸ੍ਰ ਜਸਵਿੰਦਰ ਸਿੰਘ ਮੋਹਣਪੁਰਾ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀਮਾਨ ਮਹਾਂਪੁਰਖ ਸੰਤ ਬਾਬਾ ਤਾਰਾ ਸਿੰਘ ਜੀ ਨੇ ਵਿੱਦਿਆ ਦਾ ਚਾਨਣ ਘਰਖ਼ਘਰ ਪਹੁੰਚਾਉਣ ਅਤੇ ਉੱਚ ਸਿੱਖਿਆ ਹਾਸਲ ਕਰਨ ਦੇ ਮਕਸਦ ਨਾਲ ਸੰਨ 1970 ਵਿੱਚ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਇਸ ਕਾਲਜ ਦੀ ਸਥਾਪਨਾ ਕੀਤੀ ਸੀ। ਮੌਜੂਦਾ ਸਰਪ੍ਰਸਤ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਰਹਿਨੁਮਾਈ ਹੇਠ ਵਿੱਦਿਆ ਦੇ ਖੇਤਰ ਵਿੱਚ ਮੱਲਾਂ ਮਾਰ ਰਹੇ ਇਸ ਕਾਲਜ ਵਿੱਚ ਉੱਚ ਯੋਗਤਾ ਪ੍ਰਾਪਤ, ਤਜ਼ਰਬੇਕਾਰ ਅਤੇ ਮਿਹਨਤੀ ਸਟਾਫ਼ ਵਲੋਂ ਵਿਦਿਆਰਥੀਆ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਦੇ ਨਾਲਖ਼ਨਾਲ ਸਮੁੱਚੀ ਸ਼ਖ਼ਸੀਅਤਖ਼ਉਸਾਰੀ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ।

ਸਫਾ 1 ਦੀ ਬਾਕੀ

## ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ....

ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਬਿਕਰਮਜੀਤ ਸਿੰਘ, ਸ. ਯੁਵਰਾਜ ਸਿੰਘ, ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ. ਲਾਲ ਸਿੰਘ ਤੇ ਹੋਰ ਹਾਜ਼ਰ ਸਨ।

ਸਫਾ 1 ਦੀ ਬਾਕੀ

## ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਅੰਮ੍ਰਿਤਸਰ......

ਨੀਤੀਆਂ, ਸੰਦੇਸ਼ ਅਤੇ ਪੰਥਕ ਲਹਿਰ ਨੂੰ ਆਮ ਲੋਕਾਂ ਤੱਕ ਲੈ ਕੇ ਜਾਣਗੀਆਂ। ਇਹ ਵੀ ਤੈਅ ਕੀਤਾ ਗਿਆ ਕਿ ਹਰੇਕ ਟੀਮ ਵਿਚ ਜੋਸ਼ੀਲੇ ਨੌਜਵਾਨ, ਪੰਥਕ ਸੂਝਬੂਝ ਵਾਲੇ ਵਰਕਰ ਸ਼ਾਮਲ ਕੀਤੇ ਜਾਣ। ਮੀਟਿੰਗ ਦੌਰਾਨ ਹਰੇਕ ਨੇ ਆਪਣੀ-ਆਪਣੀ ਰਾਏ ਦਿੱਤੀ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇੱਕ ਪੰਥਕ ਰਾਜਨੀਤਕ ਲਹਿਰ ਹੈ, ਜਿਸ ਨੂੰ ਪੰਜਾਬ ਦੇ ਹਰੇਕ ਪਿੰਡ, ਮੁਹੱਲੇ ਤੇ ਘਰ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ। ਇਸ ਮੌਕੇ ਤੇ ਭਾਈ ਭੁਪਿੰਦਰ ਸਿੰਘ ਗੱਦਲੀ ਨੇ ਕਿਹਾ ਕਿ ਸਾਡਾ ਉਦੇਸ਼ ਸਿਰਫ਼ ਚੋਣੀ ਸਿਆਸਤ ਨਹੀਂ, ਸਗੋਂ ਪੰਥਕ, ਸਮਾਜਿਕ ਅਤੇ ਨੈਤਿਕ ਮੁੱਲਾਂ ਤੇ ਅਧਾਰਤ ਇੱਕ ਨਵਾਂ ਰਾਜਨੀਤਕ ਮਾਡਲ ਖੜਾ ਕਰਨਾਂ ਹੈ ਅਤੇ ਇਹ ਪੰਜ ਮੈਂਬਰੀ ਟੀਮਾਂ ਪਾਰਟੀ ਦੀ ਰੀੜ੍ਹ ਦੀ ਹੱਡੀ ਸਾਬਤ ਹੋਣਗੀਆਂ। ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਸ੍ਰ ਸਵਰਨ ਸਿੰਘ ਗੋਲਡਨ ਨੇ ਵੀ ਸਾਂਝੇ ਤੌਰ ਤੇ ਵਰਕਰਾਂ ਨੂੰ ਸੱਦਾ ਦਿੰਦਿਆਂ ਆਖਿਆ ਕਿ ਆਪਣੀ ਮਿੱਟੀ, ਇਤਿਹਾਸ ਤੇ ਧਰਮ ਦੀ ਰੱਖਿਆ ਲਈ ਸਾਨੂੰ ਸਭ ਨੂੰ ਆਪਣੀ ਭੂਮਿਕਾ ਨਿਭਾਉਣੀ ਪਵੇਗੀ। ਪਾਰਟੀ ਦੇ ਹਰ ਨੌਜਵਾਨ ਨੂੰ ਆਪਣਾ ਕੰਮ ਸਿਰਜਣਾਤਮਕਤਾ, ਸੱਚਾਈ ਅਤੇ ਪੰਥਕ ਚੇਤਨਾ ਨਾਲ ਕਰਨਾ ਹੋਵੇਗਾ। ਆਖਰ ਵਿੱਚ ਇਹ ਵੀ ਐਲਾਨ ਕੀਤਾ ਗਿਆ ਕਿ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਵੱਖ-ਵੱਖ ਵਾਰਡਾਂ ਵਿੱਚ ਨਿਰਧਾਰਤ ਮੀਟਿੰਗਾਂ ਰਾਹੀਂ ਇਹ ਪੰਜ ਮੈਂਬਰੀਆਂ ਦੀ ਗਠਨ ਪ੍ਰਕਿਰਿਆ ਤੇ ਸੈਸ਼ਨ ਸ਼ੁਰੂ ਕੀਤੇ ਜਾਣਗੇ।

## ਹਰਿਆਣਾ ਸਰਕਾਰ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਨੂੰ ਵੀਰ ਬੰਦਾ ਬੈਰਾਗੀ ਲਿਖਣ 'ਤੇ ਐਡਵੋਕੇਟ ਧਾਮੀ ਨੇ ਸਖ਼ਤ ਇਤਰਾਜ਼ ਪ੍ਰਗਟਾਇਆ



ਅੰਮ੍ਰਿਤਸਰ, 25 ਜੂਨ (ਫ.ਟ.ਬ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਹਰਿਆਣਾ ਸਰਕਾਰ ਵੱਲੋਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਜਾਰੀ ਕੀਤੇ ਇਸ਼ਤਿਹਾਰ ਵਿਚ ਉਨ੍ਹਾਂ ਨੂੰ 'ਵੀਰ ਬੰਦਾ ਬੈਰਾਗੀ' ਲਿਖਣ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਇਹ ਕਾਰਵਾਈ ਜਿਥੇ ਸਿੱਖ ਸਿਧਾਂਤਾਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੇ ਸ਼ਹਾਦਤ ਦਾ ਅਪਮਾਨ ਹੈ, ਉਥੇ ਇਸ ਨਾਲ ਸਿੱਖ ਭਾਵਨਾਵਾਂ ਨੂੰ ਵੀ ਗਹਿਰੀ ਸੱਟ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਥਾਪੜਾ ਲੈ ਮੁਗਲ ਸਾਮਰਾਜ ਦਾ ਮੁਕਾਬਲਾ ਕੀਤਾ ਅਤੇ ਉਨ੍ਹਾਂ ਦੀ ਅਗਵਾਈ ਵਿਚ ਸਿੱਖਾਂ ਨੇ ਜ਼ੁਲਮੀ ਹਕੂਮਤ ਦੀਆਂ ਜੜ੍ਹਾਂ ਪੁਟਦਿਆਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਬਦਲਾ ਲਿਆ। ਬਾਬਾ ਬੰਦਾ ਸਿੰਘ ਬਹਾਦਰ ਨੇ ਪਹਿਲੇ ਸਿੱਖ ਰਾਜ ਦੀ ਸਥਾਪਨਾ ਕੀਤੀ ਅਤੇ ਜਗੀਰਦਾਰੀ ਪ੍ਰਥਾ ਨੂੰ ਖ਼ਤਮ ਕਰਕੇ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦਿਵਾਏ, ਜੋ ਸਮਾਜਿਕ ਬਰਾਬਰੀ ਦੀ ਇਕ ਵੱਡੀ ਮਿਸਾਲ ਸਨ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਬੈਰਾਗੀ ਬਾਣਾ ਤਿਆਗ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਸਿੱਖ ਬਣੇ ਸਨ ਅਤੇ ਉਨ੍ਹਾਂ ਨੂੰ 'ਵੀਰ ਬੰਦਾ ਬੈਰਾਗੀ' ਕਹਿਣਾ ਇਤਿਹਾਸਕ ਸਚਾਈ ਨੂੰ ਤੋੜ-ਮਰੋੜ ਕੇ ਪੇਸ਼ ਕਰਦਾ ਹੈ। ਅਜਿਹਾ ਸਾਜ਼ਿਸ਼ ਤਹਿਤ ਸਿੱਖਾਂ ਦੀ ਮੌਲਿਕਤਾ ਅਤੇ ਅੱਡਰੀ ਪਛਾਣ ਨੂੰ ਖੰਡਤ ਕਰਨ ਲਈ ਜਾਣਬੁਝ ਕੇ ਕੀਤਾ ਜਾ ਰਿਹਾ ਜਾਪਦਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਦੀ ਇਹ ਹਰਕਤ ਸਿੱਖ ਇਤਿਹਾਸ ਦੀ ਗਲਤ ਵਿਆਖਿਆ ਕਰਨ ਵਾਲੀ ਅਤੇ ਸਿੱਖ ਸ਼ਹੀਦਾਂ ਦਾ ਵੱਡਾ ਅਪਮਾਨ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਹਰਿਆਣਾ ਸਰਕਾਰ ਸਿੱਖ ਇਤਿਹਾਸ ਨੂੰ ਵਿਗਾੜਨ ਵਾਲੀਆਂ ਹਰਕਤਾਂ ਤੋਂ ਬਾਜ਼ ਆਵੇ ਅਤੇ ਅਜਿਹੀ ਕਾਰਵਾਈ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰੇ।

## ਸਿਹਤ ਵਿਭਾਗ ਵੱਲੋਂ ਆਮ ਆਦਮੀ ਕਲੀਨਿਕਾਂ ਵਿੱਚ "ਗਰਭਵਤੀ ਮਾਵਾਂ ਦੇ ਮੁਫਤ ਇਲਾਜ" ਦਾ ਰਸਮੀ ਉਦਘਾਟਨ ਰਣਜੀਤ ਐਵੇਂਨੀਉ ਕਲੀਨਿਕ ਤੋਂ ਕੀਤਾ




ਅੰਮ੍ਰਿਤਸਰ, 23 ਜੂਨ (ਪ ਪ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਵੱਲੋਂ ਆਮ ਆਦਮੀ ਕਲੀਨਿਕਾਂ ਵਿੱਚ ਗਰਭਵਤੀ ਮਾਵਾਂ ਦਾ ਮੁਫਤ ਇਲਾਜ ਦਾ ਰਸਮੀ ਉਦਘਾਟਨ ਰਣਜੀਤ ਐਵੇਨਿਊ ਦੇ ਕਲੀਨਿਕ ਤੋਂ ਕੀਤਾ ਗਿਆ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਿਚ ਕੁੱਲ 72 ਆਮ ਆਦਮੀ ਕਲੀਨਿਕਾ ਵਿਚ ਅੱਜ ਤੋਂ ਗਰਭਵਤੀ ਮਾਵਾਂ ਦਾ ਚੈਕਅੱਪ, ਇਲਾਜ, ਟੈਸਟ ਅਤੇ ਦਵਾਈਆਂ ਮੁਫਤ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ। ਇਸਤੋਂ ਪਹਿਲਾਂ ਸਾਰੇ ਆਮ ਆਦਮੀ ਕਲੀਨਿਕ ਦੇ ਡਾਕਟਰਾਂ ਨੂੰ ਡਾਕਟਰਾਂ ਨੂੰ ਮਟਰਨਲ ਹੈਲਥ ਕੇਅਰ ਬਾਰੇ ਇੱਕ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾ ਚੁੱਕੀ ਹੈ। ਜਿਸ ਵਿੱਚ ਉਹਨਾਂ ਨੂੰ ਹਾਈਰਿਸਕ ਪ੍ਰੈਗਨੈਂਸੀ, ਅਨੀਮੀਆ, ਹਾਈਪਰਟੈਂਸ਼ਨ, ਡਾਇਬਟਿਕ, ਪ੍ਰੀਵੀਅਸ ਸਜੇਰੀਅਨ, ਟਵਿਨ ਪ੍ਰੈਗਨੈਂਸੀ ਅਤੇ ਹੋਰ ਗੰਭੀਰ ਬਿਮਾਰੀਆਂ ਵਾਲੇ ਮਟਰਨਲ ਕੇਸਾਂ ਦੇ ਇਲਾਜ ਸਬੰਧੀ ਟ੍ਰੇਨਿੰਗ ਦਿੱਤੀ ਗਈ ਹੈ। ਜਿਸ ਦਾ ਮੁੱਖ ਮਕਸਦ ਮਟਰਨਲ ਡੈਥ ਕੇਸਾਂ ਨੂੰ ਘੱਟ ਕਰਨਾ ਹੈ। ਆਮ ਆਦਮੀ ਕਲੀਨਿਕ ਵਿੱਚ ਇਹ ਸੁਵਿਧਾ ਮਿਲਣ ਕਰਕੇ ਗਰਭਵਤੀ ਮਹਿਲਾ ਮਹਿਲਾਵਾਂ ਨੂੰ ਉਹਨਾਂ ਦੇ ਘਰ ਦੇ ਨਜ਼ਦੀਕ ਹੀ ਐਂਟੀਨੇਟਲ ਕੇਅਰ ਮਿਲਣੀ ਸ਼ੁਰੂ ਹੋ ਜਾਵੇਗੀ, ਜਿਸ ਨਾਲ ਮਰੀਜ਼ਾਂ ਨੂੰ ਆਪਣੇ ਇਲਾਜ ਲਈ ਦੂਰ ਨਹੀਂ ਜਾਣਾ ਪਵੇਗਾ। ਉਹਨਾਂ ਆਖਿਆ ਆਮ ਆਦਮੀ ਕਲੀਨਿਕਾਂ ਵਿੱਚ ਗਰਭਵਤੀ ਮਹਿਲਾਵਾਂ ਦੇ ਸਾਰੇ ਟੈਸਟ ਦਵਾਈਆਂ ਇਥੋਂ ਤੱਕ ਕਿ ਮਫਤ ਅਲਟਰਾਸਾਊਂਡ ਵੀ ਸੂਚੀਬੱਧ ਸੈਂਟਰਾਂ ਤੋਂ ਕਰਵਾਏ ਜਾ ਸਕਣਗੇ।ਇਸ ਦੌਰਾਨ ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ, ਡਾ ਕੁਲਦੀਪ ਕੌਰ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਰਾਜ ਬੱਲ ਸਮੇਤ ਸਮੂਹ ਸਟਾਫ ਹਾਜ਼ਰ ਸਨ।

# ਦਰਸ਼ਨ ਬੇਕਰੀ



ਮੇਨ ਰੋਡ ਫਤਿਆਬਾਦ, (ਤਰਨ ਤਾਰਨ)
ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।

ਕੁਲਜੀਤ ਸਿੰਘ ਲਾਡੀ

ਸੰਪਰਕ : 98721-51544, 98559-21544


# ਓਟ ਕਲੀਨਿਕਾਂ 'ਚ ਹੁਣ ਤੱਕ 28791 ਨਸ਼ਾ ਪੀੜਤਾਂ ਨੇ ਕਰਵਾਇਆ ਇਲਾਜ : ਡਿਪਟੀ ਕਮਿਸ਼ਨਰ

ਫਤਿਹ ਟਾਈਮਜ਼




ਬਰਨਾਲਾ, 25 ਜੂਨ (ਧੀਮਾਨ) ਪੰਜਾਬ ਸਰਕਾਰ ਵੱਲੋਂ ਨਸ਼ਾ ਪੀੜਤਾਂ ਲਈ ਚਲਾਏ ਜਾ ਰਹੇ ਓਟ ਕਲੀਨਿਕਾਂ 'ਚ ਮਈ ਮਹੀਨੇ ਤੱਕ 28791 ਨਸ਼ਾ ਪੀੜਤਾਂ ਨੇ ਇਲਾਜ ਕਰਵਾਇਆ ਹੈ ਅਤੇ ਉਨ੍ਹਾਂ ਨੂੰ 846323 ਦਵਾਈਆਂ ਵੰਡੀਆਂ ਗਈਆਂ ਹਨ।ਇਸ ਗੱਲ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਨੇ ਜ਼ਿਲ੍ਹਾ ਸਿਹਤ ਸੁਸਾਇਟੀ ਦੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਪੱਧਰ 'ਤੇ ਸਿਹਤ ਵਿਭਾਗ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਦੀ ਸਮੀਖਿਆ ਕੀਤੀ।ਡਿਪਟੀ ਕਮਿਸ਼ਨਰ ਬਰਨਾਲਾ ਟੀ ਬੈਨਿਥ ਨੇ ਦੱਸਿਆ ਕਿ ਇਸ ਤੋਂ ਇਲਾਵਾ ਨਸ਼ਾ ਛੁਡਾਓ ਕੇਂਦਰ ਸਿਵਲ ਹਸਪਤਾਲ ਵਿਚ ਮਈ ਤੱਕ 875 ਵਿਅਕਤੀਆਂ ਨੇ ਇਲਾਜ ਕਰਵਾਇਆ ਹੈ ਅਤੇ 102 ਮਰੀਜ਼ ਦਾਖ਼ਲ ਹੋਏ। ਉਨ੍ਹਾਂ ਦੱਸਿਆ ਕਿ ਸੋਹਲ ਪੱਤੀ ਵਿਖੇ ਚਲਾਏ ਜਾ ਰਹੇ ਮੁੜ ਵਸੇਬਾ ਕੇਂਦਰ ਵਿੱਚ ਹੁਣ ਤੱਕ 60 ਨਸ਼ਾ ਪੀੜਤ ਦਾਖ਼ਲ ਹੋਏ ਹਨ ਜਿੱਥੇ ਸਰਕਾਰ ਵੱਲੋਂ ਨਸ਼ਾ ਪੀੜਤਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ।ਵਧੇਰੀ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਜ਼ਿਲ੍ਹੇ 'ਚ 14 ਆਮ ਆਦਮੀ ਕਲੀਨਿਕ/ਆਯੂਸ਼ਮਾਨ ਅਰੋਗਿਆ ਕੇਂਦਰ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੇਂਦਰਾਂ 'ਚ 31 ਮਈ ਤੱਕ 447697 ਮਰੀਜ਼ਾਂ ਨੇ ਓ ਪੀ ਡੀ ਅਤੇ 257478 ਲੈਬ ਟੈਸਟ ਸੁਵਿਧਾਵਾਂ ਮੁਫਤ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੇਂਦਰਾਂ ਵਿੱਚ ਇਸ ਮਹੀਨੇ ਤੋਂ ਗਰਭਵਤੀ ਔਰਤਾਂ ਲਈ ਵੀ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਜਿਸ ਵਿਚ ਮੁਫ਼ਤ ਅਲਟਰਾ ਸਾਊਂਡ ਕਰਵਾਉਣ ਦੀ ਸਹੂਲਤ ਵੀ ਹੈ। ਨਾਲ ਹੀ ਕਲੀਨਿਕਾਂ ਵਿੱਚ ਐਂਟੀ ਰੇਬੀਜ਼ ਵੈਕਸੀਨ ਵੀ ਉਪਲੱਬਧ ਹੈ।ਇਸ ਤੋਂ ਇਲਾਵਾ ਉਨ੍ਹਾਂ ਰਾਸ਼ਟਰੀ ਸਿਹਤ ਮਿਸ਼ਨ ਤਹਿਤ ਹਸਪਤਾਲਾਂ 'ਚ ਜਣੇਪਾ, ਪਰਿਵਾਰ ਨਿਯੋਜਨ, ਰਾਸ਼ਟਰੀ ਬਾਲ ਸੁਰੱਖਿਆ ਕਾਰਿਆਕ੍ਰਮ, ਤੰਬਾਕੂ ਚਲਾਨ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਆਦਿ ਦੀ ਵੀ ਸਮੀਖਿਆ ਕੀਤੀ।ਬੈਠਕ ਵਿਚ ਵਧੀਕ ਡਿਪਟੀ ਕਮਿਸ਼ਨਰ (ਜ) ਅਨੁਪ੍ਰਿਤਾ ਜੌਹਲ, ਉੱਪ ਮੰਡਲ ਮਜਿਸਟ੍ਰੇਟ ਸਿਮਰਪ੍ਰੀਤ ਕੌਰ, ਉੱਪ ਮੰਡਲ ਮੈਜਿਸਟਰੇਟ ਹਰਪ੍ਰੀਤ ਸਿੰਘ ਅਟਵਾਲ, ਸਿਵਲ ਸਰਜਨ ਡਾ. ਬਲਜੀਤ ਸਿੰਘ ਅਤੇ ਹੋਰ ਅਧਿਕਾਰੀ/ ਕਰਮਚਾਰੀ ਹਾਜ਼ਰ ਸਨ।

# ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਆ ਨਾਲ ਜੋੜੋ : ਡੀਐਸਪੀ ਨੀਰਜ



ਫਤਿਹ ਟਾਈਮਜ਼

ਅੰਮ੍ਰਿਤਸਰ, 25 ਜੂਨ (ਪ ਪ) ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਸਾਹਿਬ ਜੀ ਦਾ ਇਹ ਸੁਪਨਾ ਸੀ ਕਿ ਵੱਧ ਤੋਂ ਵੱਧ ਸਮਾਜ ਵਿੱਚ ਸਿੱਖਿਆ ਨਾਲ ਜੁੜਨ ਦੀ ਕੋਸ਼ਿਸ਼ ਕੀਤੀ ਜਾਵੇ ਇਹ ਵਿਚਾਰ ਭਗਵਾਨ ਵਾਲਮੀਕ ਮੰਦਰ ਕਮੇਟੀ ਧਰਮਸ਼ਾਲਾ ਮਾਹਲ ਵੱਲੋਂ ਸਨਮਾਨ ਸਮਾਰੋ ਦੌਰਾਨ ਨਵ ਨਿਯੁਕਤ ਡੀਐਸਪੀ ਨੀਰਜ ਅਨਾਰੀਆ ਸੰਬੋਧਨ ਕਰਦਿਆਂ ਸਾਂਝੀ ਕੀਤੇ ਉਹਨਾਂ ਕਿਹਾ ਕਿ ਜਿੱਥੇ ਅੱਜ ਵੱਖ ਵੱਖ ਵਾਲਮੀਕ ਸੰਗਠਨਾਂ ਵੱਲੋਂ ਸਮਾਜ ਵਿੱਚ ਸਿੱਖਿਆ ਉੱਪਰ ਜੋਰ ਦਿੱਤਾ ਜਾ ਰਿਹਾ ਹੈ ਉੱਥੇ ਸਾਨੂੰ ਸਾਰਿਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜਾਈ ਨਾਲ ਜੁੜਨ ਲਈ ਪ੍ਰੇਰਤ ਕਰਨਾ ਪਵੇਗਾ ਇਸ ਮੌਕੇ ਪ੍ਰਧਾਨ ਸਾਜਨ ਸਤੀਸ਼ ਗਿੱਲ ਦੋ ਬੂਟੇ ਤੇ ਮਾਝਾ ਜੋਨ ਪ੍ਰਧਾਨ ਮਹਿਲ ਸਿੰਘ ਗਿੱਲ ਚੰਦਰਪਾਲ ਵਿਕਰਮ ਏਐਸਆਈ ਪ੍ਰਿਥੀਪਾਲ ਵੱਲੋਂ ਡੀਐਸਪੀ ਨੀਰਜ ਕੁਮਾਰ ਨੂੰ ਜੀ ਆਇਆ ਕਿਹਾ ਅਤੇ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਸੁਰਿੰਦਰ ਸਿੰਘ ਰਜਿੰਦਰ ਕੁਮਾਰ ਪਿਆਰੇ ਲਾਲ ਵਿਕਾਸ ਮੱਟੂ ਵਿਕਾਸ ਸਿਧੂ ਰਾਜੇਸ਼ ਆਦਿ ਧਰਮ ਸਮਾਜ ਆਦਸ ਦੇ ਧਰਮ ਪ੍ਰੇਮੀ ਹਾਜਰ ਸਨ।

# ਸ੍ਰ ਮਜੀਠਿਆ ਦੀ ਗ੍ਰਿਫਤਾਰੀ ਦੇ ਖਿਲਾਫ ਹਲਕਾ ਖਡੂਰ ਸਾਹਿਬ ਦੇ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਰੋਸ : ਜਹਾਂਗੀਰ,ਔਲਖ,ਸ਼ੇਖ



ਫਤਿਹ ਟਾਈਮਜ਼

ਤਰਨ ਤਾਰਨ, 25 ਜੂਨ (ਐਸ ਐਸ ਸੰਧਾ) ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਜਥੇਦਾਰ ਦਲਬੀਰ ਸਿੰਘ ਜਹਾਗੀਰ,ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਤੇ ਮਾਝੇ ਦੇ ਸਰਗਰਮ ਆਗੂ ਗੁਰਸੇਵਕ ਸਿੰਘ ਸ਼ੇਖ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਜੀਲੈਂਸ ਵਿਭਾਗ ਵੱਲੋਂ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਗ੍ਰਿਫਤਾਰ ਕਰਨ ਦੀ ਸਖ਼ਤ ਆਲੋਚਨਾ ਕੀਤੀ ਹੈ,ਉਹਨਾਂ ਕਿਹਾ ਕਿ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਇਸ ਕਰਕੇ ਲੋਕਾਂ ਦਾ ਧਿਆਨ ਪਾਸੇ ਕਰਨ ਲਈ ਇਸ ਤਰ੍ਹਾਂ ਦੇ ਕਾਰਨਾਮੇ ਕੀਤੇ ਜਾ ਰਹੇ ਹਨ, ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ 50 ਸਾਲ ਪਹਿਲਾਂ 25 ਜੂਨ 1975 ਨੂੰ ਦੇਸ਼ ਵਿੱਚ ਐਮਰਜੈਂਸੀ ਲਗਾ ਲੋਕਤੰਤਰ ਦਾ ਕਤਲ ਕੀਤਾ ਸੀ ਇਸ ਤਰ੍ਹਾਂ ਹੀ ਅੱਜ ਵੀ ਬਿਨਾਂ ਕਿਸੇ ਸਰਚ ਵਾਰੰਟ ਦੇ ਬਿਕਰਮ ਸਿੰਘ ਮਜੀਠੀਆ ਦੇ ਘਰ ਛਾਪੇਮਾਰੀ ਕੀਤੀ ਗਈ ਹੈ।ਉਪਰੋਕਤ ਆਗੂਆਂ ਨੇ ਕਿਹਾ ਕਿ ਜਿਸ ਤਰ੍ਹਾਂ ਦਰਜਨਾਂ ਅਫਸਰਾਂ ਨੇ ਇੱਕਠੇ ਹੋ ਕੇ ਬਿਕਰਮ ਮਜੀਠੀਆ ਦੇ ਘਰ ਜਬਰੀ ਧਾਵਾ ਬੋਲਿਆ ਅਤਿ ਨਿੰਦਣਯੋਗ ਹੈ ,ਵਿਜੀਲੈਂਸ ਟੀਮ ਨੇ ਘਰ ਛੋਟੇ ਬੱਚਿਆਂ ਅਤੇ ਬਜ਼ੁਰਗਾਂ ਦੀ ਮਾਣ ਮਰਿਯਾਦਾ ਦੀ ਵੀ ਕੋਈ ਪਰਵਾਹ ਨਹੀ ਕੀਤੀ।ਉਨਾਂ ਨੇ ਕਿਹਾ ਕਿ ਸੂਬਾ ਸਰਕਾਰ ਪਿਛਲੇ ਤਿੰਨ ਸਾਲਾਂ ਤੋਂ ਉਨ੍ਹਾਂ ਤੇ ਝੂਠੇ ਕੇਸ ਪਾ ਕੇ ਪ੍ਰੇਸ਼ਾਨ ਕਰ ਰਹੀ ਹੈ ਜਿਸ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਬਰਦਾਸ਼ਤ ਨਹੀਂ ਕਰਨਗੇ।ਉਨਾ ਕਿਹਾ ਕਿ ਸੂਬੇ ਦੇ ਲੋਕ ਜਾਣ ਗਏ ਹਨ ਕਿ ਪੰਜਾਬ ਸਰਕਾਰ ਦੀ ਵਾਗਡੋਰ ਹੁਣ ਦਿੱਲੀ ਤੋਂ ਨਕਾਰੇ ਲੋਕਾਂ ਦੇ ਹੱਥ ਵਿੱਚ ਹੈ ,ਭਗਵੰਤ ਮਾਨ ਕੇਵਲ ਰਬੜ ਦੀ ਮੋਹਰ ਹਨ। ਸ੍ਰ ਮਜੀਠਿਆ ਦੀ ਗ੍ਰਿਫਤਾਰੀ ਦੇ ਖਿਲਾਫ ਹਲਕਾ ਖਡੂਰ ਸਾਹਿਬ ਦੇ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

# ਮਨੁੱਖੀ ਸਿਹਤ ਵਿੱਚ ਖਣਿਜਾਂ ਦੀ ਜਰੂਰੀ ਭੂਮਿਕਾ

ਫਤਿਹ ਟਾਈਮਜ਼




(ਲੜੀਵਾਰ ਲੇਖ ਕਿਸ਼ਤ 2) (ਚਲਦਾ) ਆਵਾਜਾਈ: ਆਇਰਨ ਹੈਮੋਗਲੋਬਿਨ ਦੇ ਬਣਨ ਲਈ ਜਰੂਰੀ ਹੈ, ਜੋ ਫੇਫੜਿਆਂ ਤੋਂ ਸਰੀਰ ਦੇ ਬਾਕੀ ਹਿੱਸਿਆਂ ਤੱਕ ਆਕਸੀਜਨ ਲੈ ਜਾਂਦਾ ਹੈ। ਆਇਰਨ ਦੀ ਘਾਟ ਨਾਲ ਐਨੀਮੀਆ ਹੋ ਸਕਦਾ ਹੈ, ਜਿਸ ਦੇ ਲੱਛਣ ਥੱਕਾਵਟ ਅਤੇ ਕਮਜ਼ੋਰੀ ਹੁੰਦੇ ਹਨ।

3. ਥਾਇਰਾਇਡ ਫੰਕਸ਼ਨ: ਆਇਓਡਾਈਨ ਥਾਇਰਾਇਡ ਹਾਰਮੋਨ ਦੇ ਉਤਪਾਦਨ ਲਈ ਜਰੂਰੀ ਹੈ, ਜੋ ਮੈਟਾਬੋਲਜ਼ਮ ਨੂੰ ਨਿਯੰਤ੍ਰਿਤ ਕਰਦੇ ਹਨ। ਆਇਓਡਾਈਨ ਦੀ ਘਾਟ ਨਾਲ ਥਾਇਰਾਇਡ ਨਾਲ ਸੰਬੰਧਿਤ ਰੋਗ ਹੋ ਸਕਦੇ ਹਨ।

ਆਹਾਰ ਸਰੋਤ: ਦੋਹਾਂ ਮੈਕਰੋ ਅਤੇ ਮਾਈਕ੍ਰੋ ਖਣਿਜਾਂ ਦੀ ਯੋਗਤਾ ਯਕੀਨੀ ਬਣਾਉਣ ਲਈ, ਫਲਾਂ, ਸਬਜ਼ੀਆਂ, ਪੂਰੇ ਅਨਾਜ, ਪੱਕੇ ਪ੍ਰੋਟੀਨ ਅਤੇ ਦੁੱਧ ਨਾਲ ਭਰਪੂਰ ਸੰਤੁਲਿਤ ਡਾਇਟ ਦੀ ਸਿਫਾਰਿਸ਼ ਕੀਤੀ ਜਾਂਦੀ ਹੈ।

ਮੈਕਰੋ ਖਣਿਜ: ਦੁੱਧ ਦੇ ਉਤਪਾਦ (ਕੈਲਸ਼ੀਅਮ), ਕੇਲਾ (ਪੋਟਾਸੀਅਮ), ਨੱਟ (ਮੈਗਨੀਸ਼ੀਅਮ) ਅਤੇ ਮਾਸ (ਫਾਸਫੋਰਸ) ਚੰਗੇ ਸਰੋਤ ਹਨ।

ਮਾਈਕ੍ਰੋ ਖਣਿਜ: ਲਾਲ ਮਾਸ (ਆਇਰਨ), ਸਮੁੰਦਰ ਦੇ ਫ਼ਲ (ਜ਼ਿੰਕ), ਨੱਟ ਅਤੇ ਬੀਜ (ਸੇਲੇਨਿਅਮ) ਅਤੇ ਆਇਓਡਾਈਜ਼ਡ ਨਮਕ (ਆਇਓਡਾਈਨ) ਜਰੂਰੀ ਟਰੇਸ ਖਣਿਜ ਪ੍ਰਦਾਨ ਕਰਦੇ ਹਨ।

ਜਿਵੇਂ ਕਿ ਸਿਹਤ ਮਾਰ ਮਨੁੱਖੀ ਪੋਸ਼ਣ ਦੀ ਜਟਿਲਤਾ ਨੂੰ ਖੋਲ੍ਹਦੇ ਰਹਿੰਦੇ ਹਨ, ਇਹ ਬਹੁਤ ਹੀ ਸਪਸ਼ਟ ਹੋ ਜਾਂਦਾ ਹੈ ਕਿ ਮੈਕਰੋ ਅਤੇ ਮਾਈਕ੍ਰੋ ਖਣਿਜ ਦੋਹਾਂ ਮਨੁੱਖੀ ਸਿਹਤ ਨੂੰ ਬਣਾਈ ਰੱਖਣ ਲਈ ਬਹੁਤ ਜ਼ਰੂਰੀ ਹਨ। ਇੱਕ ਵਿਆਪਕ ਡਾਇਟ ਜੋ ਵੱਖ-ਵੱਖ ਪੋਸ਼ਣ ਸਮੱਗਰੀ ਵਾਲੇ ਭੋਜਨਾਂ ਨੂੰ ਸ਼ਾਮਲ ਕਰਦੀ ਹੈ, ਲੋਕਾਂ ਨੂੰ ਆਪਣੇ ਖਣਿਜ ਦੀ ਲੋੜਾਂ ਨੂੰ ਪੂਰਾ ਕਰਨ ਅਤੇ ਕੁੱਲ ਮਿਲਾਕੇ ਸੁਖਦਾਈ ਜੀਵਨ ਜੀਉਣ ਵਿੱਚ ਸਹਾਇਤਾ ਕਰ ਸਕਦੀ ਹੈ।

ਸਿਹਤ ਵਿਦਿਆਰਥੀਆਂ ਨੇ ਇਸ ਗੱਲ 'ਤੇ ਜੋਰ ਦਿੱਤਾ ਹੈ ਕਿ ਇਹ ਖਣਿਜਾਂ ਦੀ ਭੂਮਿਕਾ ਨੂੰ ਸਮਝਣਾ ਨਾ ਸਿਰਫ ਲਾਭਦਾਇਕ ਹੈ ਪਰ ਸਭ ਲਈ ਲਾਜ਼ਮੀ ਵੀ ਹੈ—ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਜੋ ਆਪਣੀ ਸਿਹਤ ਨੂੰ ਨਿਰੋਗ ਰੱਖਣਾ ਚਾਹੁੰਦੇ ਹਨ। ਜਿਵੇਂ ਕਿ ਅਸੀਂ ਭੋਜਨ ਚੋਣਾਂ ਵਿੱਚ ਅੱਗੇ ਵਧਦੇ ਹਾਂ ਖਣਿਜਾਂ ਦੀ ਲਾਗਤ ਨੂੰ ਪਹਿਲ ਦੇ ਆਧਾਰ ਤੇ ਰੱਖਣਾ ਸਾਡੇ ਪੋਸ਼ਣ ਟੀਚਿਆਂ ਦੇ ਕੇਂਦਰ 'ਤੇ ਹੋਣਾ ਚਾਹੀਦਾ ਹੈ। (ਸਮਾਪਤ)



ਲੇਖਕ: ਸੁਰਿੰਦਰਪਾਲ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ।


FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575



Editor,Owner and Publisher Sarbjot Singh Khalsa on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਅਦਾਰਾ ਫਤਿਹ ਟਾਈਮਜ਼ ਦੀ ਚੌਥੀ ਵਰ੍ਹੇਗੰਢ ਮੌਕੇ ਵਿਸ਼ੇਸ਼ ਸਪਲੀਮੈਂਟ

ਅਦਾਰਾ ਫਤਿਹ ਟਾਈਮਜ਼ ਦੀ ਚੌਥੀ ਵਰ੍ਹੇਗੰਢ ਮੌਕੇ ਵਿਸ਼ੇਸ਼ ਸਪਲੀਮੈਂਟ ਜਲਦ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ ਇਸ਼ਤਿਹਾਰ ਦੇਣ ਲਈ ਹੇਠ ਦਿੱਤੇ ਨੰਬਰ ਤੇ ਸੰਪਰਕ ਕਰੋ।

ਮੋ:99885-37575

FT

ਹੱਕ ਸੱਚ ਦੀ ਆਵਾਜ਼

ਫਤਿਹ ਟਾਈਮਜ਼

CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575